B(3)

(23)

ਨੰ:3/26/2011-3ਸਿ 3/ 1687
ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ,
ਨਵਾਂ ਪਿੰਡ, ਅੰਮ੍ਰਿਤਸਰ।

ਮਿਤੀ: ਚੰਡੀਗੜ੍ਹ 26-5-11

ਵਿਸ਼ਾ:- ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ, ਨਵਾਂ ਪਿੰਡ, ਅੰਮ੍ਰਿਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿਚ।

2. ਸਕੂਲ ਦੀ ਮਿਨੇਜਮੈਂਟ ਵਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲਾ ਸਿੱਖਿਆ ਅਫਸਰ (ਸੈ:ਸਿ:) ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ: ਸਿ:) ,ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ / ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਪੰਜਾਬ ਸਰਕਾਰ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆ ਬਿਆਨ ਵਿਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀ ਦਿਲੀ ਅਜਿਹੇ ਸਕੂਲਾ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ ।

3. ਸਕੂਲ ਮਿਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨਾਂ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ, 2009 ਦੇ ਰੂਲਾ ਦੀ ਇੰਨ-ਬਿਨ ਪਾਲਣਾ ਕਰੇਗੀ ।

4. ਸੀ. ਬੀ. ਐਸ. ਈ. ਨਵੀ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ

ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਅਤੇ ਅਕਾਊਂਟ ਪੇਈ ਚੈਕਾਂ ਰਾਹੀ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ_ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀਂ ਖੁਦ ਤੇ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਦਾ ਸਹਿਯੋਗ ਵੀ ਦਿਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿਠ ਅੰ.ਨੰ: ਨੰ:3/26/2011-3ਸਿ3/ ਮਿਤੀ ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ. ਸਿ) ਪੰਜਾਬ, ਚੰਡੀਗੜ ਨੂੰ ਉਨ੍ਹਾਂ ਦੇ ਮੀਮੋ ਨੰ: 15/48-2011 ਗ੍ਰਾਂਟ-1(5), ਮਿਤੀ 16-03-2011 ਦੇ ਹਵਾਲੇ ਵਿਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਨਵਾਂ ਪਿੰਡ, ਅੰਮ੍ਰਿਤਸਰ ਦੀ ਮਿਸਲ ਮੂਲ ਰੂਪ ਵਿਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

Kuldip Singh
Member Incharge ... Incharge
Sri Guru Harkrishan ... Public School,
Nawan Pind, Amritsar.